ਸਿਰੀਰਾਗੁ ਮਹਲਾ ੫ ॥ ਮੇਰਾ ਤਨੁ ਅਰੁ ਧਨੁ ਮੇਰਾ ਰਾਜ ਰੂਪ ਮੈ ਦੇਸੁ ॥ ਸੁਤ ਦਾਰਾ ਬਨਿਤਾ ਅਨੇਕ ਬਹੁਤੁ ਰੰਗ ਅਰੁ ਵੇਸ ॥ ਹਰਿ ਨਾਮੁ ਰਿਦੈ ਨ ਵਸ ਈ ਕਾਰਜਿ ਕਿਤੈ ਨ ਲੇਖਿ ॥ ੧॥ ਮੇਰੇ ਮਨ ਹਰਿ ਹਰਿ ਨਾਮੁ ਧਿਆਇ ॥ ਕਰਿ ਸੰਗਤਿ ਨਿਤ ਸਾਧ ਕੀ ਗੁਰ ਚਰਣੀ ਚਿਤੁ ਲਾਇ ॥੧॥ ਰਹਾਉ ॥ ਨਾਮੁ ਨਿਧਾਨੁ ਧਿਆਈਐ ਮਸਤਕਿ ਹੋਵੈ ਭਾਗੁ ॥ ਕਾਰਜ ਸਭਿ ਸਵਾਰੀਅਹਿ ਗੁਰ ਕੀ ਚਰਣੀ ਲਾਗੁ ॥ ਹਉਮੈ ਰੋਗੁ ਭ੍ਰਮੁ ਕਟੀਐ ਨਾ ਆਵੈ ਨਾ ਜਾਗੁ ॥ ੨॥ ਕਰਿ ਸੰਗਤਿ ਤੂ ਸਾਧ ਕੀ ਅਠਸਠਿ ਤੀਰਥ ਨਾਉ ॥ ਜੀਉ ਪ੍ਰਾਣ ਮਨੁ ਤਨੁ ਹਰੇ ਸਾਚਾ ਏਹੁ ਸੁਆਉ ॥ ਐਥੈ ਮਿਲਹਿ ਵਡਾਈਆ ਦਰਗਹਿ ਪਾਵਹਿ ਥਾਉ ॥੩॥ ਕਰੇ ਕਰਾਏ ਆਪਿ ਪ੍ਰਭੁ ਸਭੁ ਕਿਛੁ ਤਿਸ ਹੀ ਹਾਥਿ ॥ ਮਾਰਿ ਆਪੇ ਜੀਵਾਲਦਾ ਅੰਤਰਿ ਬਾਹਰਿ ਸਾਥਿ ॥ ਨਾਨਕ ਪ੍ਰਭ ਸਰਣਾਗਤੀ ਸਰਬ ਘਟਾ ਕੇ ਨਾਥ ॥ ੪॥੧੫॥੮੫॥ {ਪੰਨਾ 47-48}

ਪਦਅਰਥ:- ਤਨੁ—ਸਰੀਰ। ਅਰੁ—ਅਤੇ {ਨੋਟ:- ਲਫ਼ਜ਼ 'ਅਰੁ' ਅਤੇ 'ਅਰਿ' ਦਾ ਫ਼ਰਕ ਚੇਤੇ ਰੱਖਣ- ਜੋਗ ਹੈ। ਅਰਿ—ਵੈਰੀ}। ਮੈ—ਮੇਰਾ। ਸੁਤ—ਪੁੱਤਰ। ਦਾਰਾ—ਇਸਤ੍ਰੀ। ਰੰਗ—ਮੌਜਾਂ। ਵੇਸ—ਪਹਿਰਾਵੇ। ਰਿਦੈ—ਹਿਰਦੇ ਵਿਚ। ਵਸਈ—ਵਸਏ, ਵਸੈ। ਕਾਰਜਿ ਕਿਤੈ—ਕਿਸੇ ਕੰਮ ਵਿਚ। ਲੇਖਿ—ਜਾਣ, ਸਮਝ।1।

ਨਿਤ—ਸਦਾ। ਸਾਧ—ਗੁਰੂ।1। ਰਹਾਉ।

ਨਿਧਾਨੁ—ਖ਼ਜ਼ਾਨਾ। ਮਸਤਕਿ—ਮੱਥੇ ਉਤੇ। ਸਭਿ—ਸਾਰੇ। ਸਵਾਰੀਅਹਿ—ਸੰਵਾਰੇ ਜਾਂਦੇ ਹਨ। ਲਾਗੁ—ਲੱਗ। ਭ੍ਰਮੁ—ਭਟਕਣਾ। ਜਾਗੁ—ਜਾਏਗਾ, ਮਰੇਗਾ।2।

ਅਠਸਠਿ—ਅਠਾਹਠ, ਸੱਠ ਤੇ ਅੱਠ। ਨਾਉ—ਇਸ਼ਨਾਨ। ਹਰੇ—ਆਤਮਕ ਜੀਵਨ ਵਾਲੇ। ਸਾਚਾ—ਸਦਾ-ਥਿਰ। ਸੁਆਉ—ਮਨੋਰਥ। ਥਾਉ—ਆਦਰ, ਥਾਂ।3।

ਤਿਸ ਹੀ ਹਾਥਿ—ਉਸ ਹੀ ਦੇ ਹੱਥ ਵਿਚ {ਨੋਟ:- ਲਫ਼ਜ਼ ਤਿਸੁ' ਦਾ ੁ ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਿਆ ਹੈ। ਵੇਖੋ 'ਗੁਰਬਾਣੀ ਵਿਆਕਰਣ'}। ਮਾਰਿ—ਮਾਰ ਕੇ। ਪ੍ਰਭ—ਹੇ ਪ੍ਰਭੂ! ਨਾਥ—ਹੇ ਨਾਥ!।4।

ਅਰਥ:- ਹੇ ਮੇਰੇ ਮਨ! ਸਦਾ ਪਰਮਾਤਮਾ ਦਾ ਨਾਮ ਸਿਮਰ। ਸਦਾ ਗੁਰੂ ਦੀ ਸੰਗਤਿ ਕਰ, ਤੇ ਗੁਰੂ ਦੇ ਚਰਨਾਂ ਵਿਚ ਚਿੱਤ ਜੋੜ।1। ਰਹਾਉ।

(ਮਨੁੱਖ ਮਾਣ ਕਰਦਾ ਹੈ ਤੇ ਆਖਦਾ ਹੈ ਕਿ) ਇਹ ਸਰੀਰ ਮੇਰਾ ਹੈ, ਇਹ ਰਾਜ ਮੇਰਾ ਹੈ, ਇਹ ਦੇਸ ਮੇਰਾ ਹੈ, ਮੈਂ ਰੂਪ ਵਾਲਾ ਹਾਂ ਮੇਰੇ ਪੁੱਤਰ ਹਨ, ਮੇਰੀਆਂ ਇਸਤ੍ਰੀਆਂ ਹਨ, ਮੈਨੂੰ ਬੜੀਆਂ ਮੌਜਾਂ ਹਨ, ਅਤੇ ਮੇਰੇ ਪਾਸ ਕਈ ਪੁਸ਼ਾਕਾਂ ਹਨ। ਪਰ ਜੇ ਉਸ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਨਹੀਂ ਵੱਸਦਾ ਤਾਂ (ਇਹ ਸਭ ਪਦਾਰਥ ਜਿਨ੍ਹਾਂ ਦਾ ਮਨੁੱਖ ਮਾਣ ਕਰਦਾ ਹੈ) ਕਿਸੇ ਭੀ ਕੰਮ ਨਾਹ ਸਮਝ।1।

ਪਰਮਾਤਮਾ ਦਾ ਨਾਮ (ਜੋ ਸਭ ਪਦਾਰਥਾਂ ਦਾ) ਖ਼ਜਾਨਾ (ਹੈ) ਸਿਮਰਨਾ ਚਾਹੀਦਾ ਹੈ (ਪਰ ਉਹੀ ਮਨੁੱਖ ਸਿਮਰ ਸਕਦਾ ਹੈ ਜਿਸ ਦੇ) ਮੱਥੇ ਉਤੇ ਚੰਗੀ ਕਿਸਮਤਿ ਉੱਘੜ ਪਏ। (ਹੇ ਭਾਈ!) ਸਤਿਗੁਰੂ ਦੇ ਚਰਨਾਂ ਵਿਚ ਟਿਕਿਆ ਰਹੁ, ਤੇਰੇ ਸਾਰੇ ਕੰਮ (ਭੀ) ਸੰਵਰ ਜਾਣਗੇ। (ਜੇਹੜਾ ਮਨੁੱਖ ਗੁਰ-ਸਰਨ ਰਹਿ ਕੇ ਨਾਮ ਸਿਮਰਦਾ ਹੈ ਉਸ ਦਾ) ਹਉਮੈ ਦਾ ਰੋਗ ਕੱਟਿਆ ਜਾਂਦਾ ਹੈ, ਉਸ ਦੀ ਭਟਕਣਾ ਦੂਰ ਹੋ ਜਾਂਦੀ ਹੈ, ਉਹ ਨਾਹ (ਮੁੜ ਮੁੜ) ਜੰਮਦਾ ਹੈ ਨਾਹ ਮਰਦਾ।2।

(ਹੇ ਭਾਈ!) ਗੁਰੂ ਦੀ ਸੰਗਤਿ ਕਰ—ਇਹੀ ਅਠਾਹਠ ਤੀਰਥਾਂ ਦਾ ਇਸ਼ਨਾਨ ਹੈ। (ਗੁਰੂ ਦੀ ਸਰਨ ਵਿਚ ਰਿਹਾਂ) ਜਿੰਦ ਪ੍ਰਾਣ ਮਨ ਸਰੀਰ ਸਭ ਆਤਮਕ ਜੀਵਨ ਵਾਲੇ ਹੋ ਜਾਂਦੇ ਹਨ, ਤੇ ਮਨੁੱਖਾ ਜਨਮ ਦਾ ਅਸਲ ਮਨੋਰਥ ਭੀ

ਇਹੀ ਹੈ। ਇਸ ਜਗਤ ਵਿਚ (ਸਭ ਕਿਸਮ ਦੇ) ਆਦਰ-ਮਾਣ ਮਿਲਣਗੇ, ਪਰਮਾਤਮਾ ਦੀ ਦਰਗਹ ਵਿਚ ਭੀ ਆਦਰ ਪਾਏਂਗਾ।3।

(ਪਰ ਜੀਵਾਂ ਦੇ ਕੁਝ ਵੱਸ ਨਹੀਂ) ਪ੍ਰਭੂ ਆਪ ਹੀ ਸਭ ਕੁਝ ਕਰਦਾ ਹੈ, ਆਪ ਹੀ ਜੀਵਾਂ ਪਾਸੋਂ ਕਰਾਂਦਾ ਹੈ, ਹਰੇਕ ਖੇਡ ਉਸ ਪ੍ਰਭੂ ਦੇ ਆਪਣੇ ਹੀ ਹੱਥ ਵਿਚ ਹੈ। ਪ੍ਰਭੂ ਆਪ ਹੀ ਆਤਮਕ ਮੌਤੇ ਮਾਰਦਾ ਹੈ, ਆਪ ਹੀ ਆਤਮਕ ਜੀਵਨ ਦੇਂਦਾ ਹੈ, ਜੀਵਾਂ ਦੇ ਅੰਦਰ ਬਾਹਰ ਹਰ ਥਾਂ ਉਹਨਾਂ ਦੇ ਨਾਲ ਰਹਿੰਦਾ ਹੈ।

ਹੇ ਨਾਨਕ! (ਅਰਦਾਸ ਕਰ ਤੇ ਆਖ—) ਹੇ ਪ੍ਰਭੂ! ਹੇ ਸਭ ਜੀਵਾਂ ਦੇ ਖਸਮ! ਮੈਂ ਤੇਰੀ ਸਰਨ ਆਇਆ ਹਾਂ (ਮੈਨੂੰ ਆਪਣੇ ਨਾਮ ਦੀ ਦਾਤਿ ਦੇਹ)।4।15। 85।